ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

# ਗਰੀਬ ਤੇ ਲੋੜਵੰਦ ਲੋਕ ਸਕੀਮਾਂ ਦੇ ਲਾਭ ਲੈਣ ਤੋਂ ਨਾ ਰਹਿਣ ਵਾਂਝੇ – ਡੀ.ਸੀ.

ਮਹਾਤਮਾ ਗਾਂਧੀ ਸਰਬਤ ਵਿਕਾਸ ਯੋਜਨਾ ਤਹਿਤ ਲਾਭਪਾਤਰੀਆਂ ਨੂੰ ਮਿਲ ਰਹੀਆਂ ਸਹੂਲਤਾਂ ਦਾ ਕੀਤਾ ਜਾਵੇ ਸਰਵੇਅ

ਸਕੀਮਾਂ ਦਾ ਲਾਭਪਾਤਰੀਆਂ ਵੱਲੋਂ ਲਿਆ ਜਾ ਰਿਹਾ ਲਾਭ ਬਣਾਇਆ ਜਾਵੇ ਯਕੀਨੀ

ਪਿੰਡਾਂ, ਢਾਣੀਆਂ 'ਚ ਜਾ ਕੇ ਲੋਕਾਂ ਨਾਲ ਕੀਤੀ ਜਾਵੇ ਰਾਬਤਾ

ਫਾਜ਼ਿਲਕਾ 10 ਅਕਤੂਬਰ

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਵੱਲੋਂ ਮਹਾਤਮਾ ਗਾਂਧੀ ਸਰਬਤ ਵਿਕਾਸ ਯੋਜਨਾ ਦੇ ਸਬੰਧ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਸੂਬਾ ਸਰਕਾਰ ਵੱਲੋਂ ਚੱਲ ਰਹੀਆਂ ਸਕੀਮਾਂ ਰਾਹੀਂ ਮਿਲਣ ਵਾਲੀਆਂ ਸਹੂਲਤਾਂ ਦਾ ਪਿੰਡਾਂ, ਢਾਣੀਆਂ 'ਚ ਜਾ ਕੇ ਸਰਵੇਅ ਕੀਤਾ ਜਾਵੇ। ਉਨ੍ਹਾਂ ਪੰਚਾਇਤ ਸੈਕਟਰੀਆਂ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਸਰਵੇਅ ਦੌਰਾਨ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਸਕੀਮਾਂ ਦਾ ਯੋਗ ਲਾਭਪਾਤਰੀਆਂ ਵੱਲੋਂ ਲਾਹਾ ਲਿਆ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਸਰਬਤ ਵਿਕਾਸ ਯੋਜਨਾ ਚਲਾਉਣ ਦਾ ਮੁੱਖ ਮੰਤਵ ਹੈ ਕਿ ਗਰੀਬ ਤੇ ਲੋੜਵੰਦ ਲੋਕਾਂ ਨੂੰ ਸਰਕਾਰ ਦੁਆਰਾ ਚਲਾਈਆਂ ਜਾ ਰਹੀਆਂ ਸਕੀਮਾਂ ਰਾਹੀਂ ਸਹੂਲਤਾਂ ਮੁਹੱਈਆਂ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਇਸ ਨੂੰ ਵੇਖਦਿਆਂ ਯੋਗ ਲਾਭਪਾਤਰੀਆਂ ਨੂੰ ਹੀ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ ਤਾਂ ਜੋ ਗਰੀਬ ਤੇ ਯੋਗ ਵਿਅਕਤੀ ਇਨ੍ਹਾਂ ਸਕੀਮਾਂ ਦਾ ਲਾਹਾ ਲੈਣ ਤੋਂ ਵਾਂਝਾ ਨਾ ਰਹਿ ਸਕੇ। ਉਨ੍ਹਾਂ ਪੰਚਾਇਤ ਸੈਕਟਰੀ ਤੇ ਸਬੰਧਤ ਅਧਿਕਾਰੀਆਂ ਨੂੰ ਆਦੇਸ਼ ਦਿੰਦਿਆਂ ਕਿਹਾ ਉਹ ਆਪਣੇ ਅਧੀਨ ਆਉਂਦੇ ਪਿੰਡਾਂ, ਢਾਣੀਆਂ 'ਚ ਜਾ ਕੇ ਸਰਵੇਅ ਕਰਨ ਤੇ ਯੋਗ ਵਿਅਕਤੀਆਂ ਦੀ ਸੂਚੀ ਤਿਆਰ ਕਰਨ। ਉਨ੍ਹਾਂ ਕਿਹਾ ਕਿ ਜਿਸ ਵਿਅਕਤੀ ਦੀ ਆਮਦਨ 60000 ਹਜ਼ਾਰ ਤੋਂ ਘੱਟ ਜਾਂ 2.5 ਏਕੜ ਤੋਂ ਘੱਟ ਜ਼ਮੀਨ ਹੈ ਤਾਂ ਉਹ ਸਕੀਮਾਂ ਦਾ ਲਾਹਾ ਲੈਣ ਦਾ ਹੱਕਦਾਰ ਬਣਦਾ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀ ਆਟਾ ਦਾਲ ਸਕੀਮ, ਸ਼ਗਨ ਸਕੀਮ, ਵਿਧਵਾ ਤੇ ਬੁਢਾਪਾ ਪੈਨਸ਼ਨ, ਸਕਾਲਰਸ਼ਿਪ ਸਕੀਮ ਆਦਿ ਸਕੀਮਾਂ ਦਾ ਯੋਗ ਵਿਅਕਤੀਆਂ ਨੂੰ ਹੀ ਲਾਭ ਮਿਲਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਪੜ੍ਹਿਆ ਲਿਖਿਆ ਨਹੀਂ ਤਾਂ ਉਸਨੂੰ ਸਕਿੱਲ ਡਿਵੈਲਪਮੈਂਟ ਸੈਂਟਰਾਂ ਤੋਂ ਹੁਨਰ ਸਿਖਲਾਈ ਲੈ ਕੇ ਆਪਣਾ ਕੰਮ ਕਰਨ ਲਈ ਵੀ ਜਾਣੂੰ ਕਰਵਾਇਆ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਪਿੰਡ ਵਿੱਚ ਆਪਣਾ ਕਾਰੋਬਾਰ ਸ਼ੁਰੂ ਕਰਨਾ ਚਾਹੁੰਦਾ ਹੈ ਤਾਂ ਲੋਨ ਆਦਿ ਮੁਹੱਈਆ ਕਰਵਾਇਆ ਜਾ ਰਿਹਾ ਹੈ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ(ਵਿਕਾਸ) ਸ੍ਰੀ ਰਣਬੀਰ ਸਿੰਘ ਮੁੱਧਲ, ਐਸ.ਡੀ.ਐਮ. ਅਬੋਹਰ ਮਿਸ ਪੂਨਮ ਸਿੰਘ, ਐਸ.ਡੀ.ਐਮ. ਫਾਜ਼ਿਲਕਾ ਸ੍ਰੀ ਬਲਬੀਰ ਰਾਜ ਸਿੰਘ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਸ੍ਰੀ ਅਰੁਨ ਜਿੰਦਲ, ਵੱਖ-ਵੱਖ ਪਿੰਡਾਂ ਦੇ ਪੰਚਾਇਤ ਸੈਕਟਰੀ, ਸਾਰਡ ਪ੍ਰੋਜੈਕਟ ਦੇ ਜ਼ਿਲ੍ਹਾ ਕੁਆਰਡੀਨੇਟਰ ਸ੍ਰੀ ਯਾਦਵਿੰਦਰ ਸਿੰਘ, ਸੇਵ ਦਾ ਚਿਲਡਰਨ ਦੇ ਜ਼ਿਲ੍ਹਾ ਮੈਨੇਜਰ ਮਿਸ ਦੇਵਸ਼ੀ ਸਿੰਘ ਅਤੇ ਹੋਰ ਅਧਿਕਾਰੀ ਹਾਜ਼ਰ ਸਨ।